# ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਭਾਗ,ਪੰਜਾਬ
# ਸਰਵ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)

ਐਸ.ਸੀ.ਓ.ਨੰ:104-106, ਦੂਜੀ ਅਤੇ ਤੀਜੀ ਮੰਜ਼ਿਲ ਸੈਕਟਰ 34-ਏ ਚੰਡੀਗੜ੍ਹ।

ਵੱਲ

1. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.)।
2. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ.)।
3. ਸਮੂਹ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ।

ਮੀਮੋ ਨੰ:ਸਸਅ/ਐਮਸੀ/2011/ਸਪੈਸ਼ਲ-3
ਮਿਤੀ,ਚੰਡੀਗੜ੍ਹ 05-01-2011

ਵਿਸ਼ਾ :- ਰਾਜ ਪੱਧਰੀ ਮੈਥ/ਸਾਇੰਸ ਵਿਸ਼ਿਆਂ ਦੇ ਕੁਇਜ਼ ਕੰਪੀਟੀਸ਼ਨ ਕਰਵਾਉਣ ਸਬੰਧੀ।

1.0 ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਜਿਵੇਂ ਕਿ ਆਪ ਜੀ ਨੂੰ ਪਤਾ ਹੀ ਹੈ ਕਿ ਮੈਥ ਅਤੇ ਸਾਇੰਸ ਦਾ ਪੱਧਰ ਉੱਚਾ ਚੁੱਕਣ ਲਈ ਸਿੱਖਿਆ ਵਿਭਾਗ, ਪੰਜਾਬ ਵੱਲੋਂ ਉਪਰਾਲੇ ਕੀਤੇ ਜਾ ਰਹੇ ਹਨ।0ਇਨ੍ਹਾਂ ਉਪਰਾਲਿਆਂ ਦੀ ਲਗਾਤਾਰਤਾ ਵਿੱਚ ਰਾਜ ਦੇ ਸਮੂਹ ਸਰਕਾਰੀ ਅੱਪਰ ਪ੍ਰਾਇਮਰੀ ਸਕੂਲਾਂ ਦੇ ਬੱਚਿਆਂ ਲਈ ਕੁਇਜ਼ ਕੰਪੀਟੀਸ਼ਨ ਕਰਵਾਉਣ ਦਾ ਫੈਸਲਾ ਲਿਆ ਗਿਆ ਸੀ। ਇਸ ਕੁਇਜ਼ ਕੁੰਪੀਟੀਸ਼ਨ ਦਾ ਬਲਾਕ ਅਤੇ ਜ਼ਿਲ੍ਹਾ ਪੱਧਰ ਤੇ ਮੁਕਾਬਲਾ ਹੋ ਚੁੱਕਾ ਹੈ।

3.0 ਇਸੇ ਹੀ ਕੜੀ ਵਿੱਚ ਜ਼ਿਲ੍ਹੇ ਦੇ ਜੇਤੂ ਵਿਦਿਆਰਥੀਆਂ ਦਾ ਰਾਜ ਪੱਧਰੀ ਮੈਥ/ਸਾਇੰਸ ਵਿਸ਼ਿਆਂ ਦਾ ਕੁਇਜ਼ ਕੰਪੀਟੀਸ਼ਨ 18-01-2011 ਨੂੰ ਪੈਰਾਗਾਨ ਸਕੂਲ, ਸੈਕਟਰ-71, ਜ਼ਿਲ੍ਹਾ ਐਸ.ਏ.ਐਸ.ਨਗਰ ਵਿਖੇ ਸਮਾਂ ਸਵੇਰੇ 11:00 ਵਜੇ ਤੋਂ 2:00 ਵਜੇ ਤੱਕ ਕਰਵਾਇਆ ਜਾਵੇਗਾ। ਮਿਤੀ 18-01-2011 ਨੂੰ ਜ਼ਿਲ੍ਹੇ ਦੀ ਜੇਤੂ ਟੀਮ ਦੇ ਵਿਦਿਆਰਥੀਆਂ ਅਤੇ ਇਨ੍ਹਾਂ ਨੂੰ ਤਿਆਰ ਕਰਵਾਉਣ ਵਾਲੇ ਅਧਿਆਪਕ ਅਤੇ ਸਬੰਧਤ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ ਇਸ ਰਾਜ ਪੱਧਰੀ ਮੁਕਾਬਲੇ ਵਿੱਚ ਲਾਜ਼ਮੀ ਤੌਰ ਤੇ

ਚਲਦਾ ਪੰਨਾ ...........

ਹਾਜ਼ਰ ਹੋਣਗੇ। ਜ਼ਿਲ੍ਹਾਂ ਐਸ.ਏ.ਐਸ.ਨਗਰ (ਮੋਹਾਲੀ) ਵਿਖੇ ਇਹ ਕੰਪੀਟੀਸ਼ਨ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਦੇ ਆਉਣ ਦਾ ਖਰਚਾ ਜ਼ਿਲ੍ਹਾ ਪੱਧਰ ਤੇ ਐਲ.ਈ.ਪੀ. (**LEP**) ਵਿੱਚੋਂ ਕੀਤਾ ਜਾਵੇਗਾ।

4.0 ਜਿੰਨਾਂ ਜ਼ਿਲ੍ਹਿਆਂ ਦੇ ਵਿਦਿਆਰਥੀਆਂ ਨੇ ਲੰਬੇ ਸਫ਼ਰ ਕਰਕੇ ਇੱਕ ਦਿਨ ਪਹਿਲਾਂ ਪਹੁੰਚਣਾ ਹੈ, ਇਸ ਦੀ ਜਾਣਕਾਰੀ ਸਬੰਧਤ ਜ਼ਿਲ੍ਹੇ ਦੇ ਡੀ.ਐਸ.ਐਸ.ਆਪਣੀ ਟੀਮ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਗਿਣਤੀ ਵੇਰਵੇ ਸਮੇਤ ਮਿਤੀ 10-01-2011 ਤੱਕ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.) ਐਸ.ਏ.ਐਸ.ਨਗਰ (ਮੋਹਾਲੀ) ਨੂੰ ਭੇਜ ਦੇਣ ਤਾਂ ਜੋ ਉਨ੍ਹਾਂ ਦੇ ਠਹਿਰਨ ਦਾ ਪ੍ਰਬੰਧ ਸਫ਼ਲਤਾਪੂਰਵਕ ਕੀਤਾ ਜਾ ਸਕੇ। ਵਧੇਰੇ ਜਾਣਕਾਰੀ ਲਈ ਫੋਨ ਨੰ: 9888028002,9646740080 ਅਤੇ 9815917099 ਨਾਲ ਸੰਪਰਕ ਕੀਤਾ ਜਾ ਸਕਦਾ ਹੈ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ,ਚੰਡੀਗੜ੍ਹ

ਪਿੱ:ਅੰ:ਨੰ:ਸਸਅ/ਐਮਸੀ/2011/ਉਕਤ ਮਿਤੀ,ਚੰਡੀਗੜ੍ਹ

ਉਪਰੋਕਤ ਦਾ ਉਤਾਰਾ ਡੀ.ਐਮ.(ਐਮ.ਆਈ.ਐਸ.) ਨੂੰ ਵੈੱਬ-ਸਾਈਟ ਤੇ ਪਾਉਣ ਲਈ ਭੇਜਿਆ ਜਾਂਦਾ ਹੈ ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ,ਚੰਡੀਗੜ੍ਹ